**COPY OF N.O.C. ISSUED BY STATE EDUCATION DEPARTMENT IN PUNJABI AS WELL AS ITS TRANSLATION INTO ENGLISH VERSION**

ਨੰ: 2/68/09-2ਸਿ3 1174

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਮਾਡਰਨ ਸੈਕੂਲਰ ਪਬਲਿਕ ਸਕੂਲ, ਰਾਣਵਾਂ, ਮਲੇਰਕੋਟਲਾ
ਜਿਲ੍ਹਾ ਸੰਗਰੂਰ।

ਮਿਤੀ,ਚੰਡੀਗੜ੍ਹ 29-6-09

ਵਿਸ਼ਾ:- **ਮਾਡਰਨ ਸੈਕੂਲਰ ਪਬਲਿਕ ਸਕੂਲ, ਰਾਣਵਾਂ, ਮਲੇਰਕੋਟਲਾ ਜਿਲ੍ਹਾ ਸੰਗਰੂਰ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਸੰਗਰੂਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਦੀਆਂ ਸ਼ਿਫਾਰਸਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸਿਕਾਇਤ /ਇੰਸ਼ਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ

ਚਲਦਾ ਪੰਨਾ/2

ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3 ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4 ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਜਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

----

ਪਿੱਠ ਅੰਕਣ ਨੰ: 2/68/09-2ਸਿ3/ ਮਿਤੀ,ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ), ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/37-2009 ਗ੍ਰਾਂਟ 1 ਮਿਤੀ 22-6-2009 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸ਼ਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸ਼ਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. ਮਾਡਰਨ ਸੈਕੂਲਰ ਪਬਲਿਕ ਸਕੂਲ, ਰਾਣਵਾਂ, ਮਲੇਰਕੋਟਲਾ ਜਿਲ੍ਹਾ ਸੰਗਰੂਰ ਦੀ ਮਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

(ਨੱਥੀ ਮਿਸਲ)

sd/-

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

Principal
Modern Secular Public School
RANWAN (MALERKOTLA)

Director
Tedura Imtar Edu. & Social Society,
RANWAN (Malerkotla)

**TRANSLATED COPY OF NOC FROM AN AUTHORIZED TRANSLATOR**

**No.2/68/09-2Edu3-1174**
**Punjab Government**
**Education Department**
**(Education – 3 Branch)**

**To,**

**The Principal**
**Modern Secular Public School,**
**Malerkotla, Distt. Sangrur (Pb.)**

**Dated, Chandigarh 29.06.2009**

**Sub : Issuance of N.O.C. to Modern Secular Public School, Malerkotla to get affiliation from C.B.S.E.,New Delhi reg.**

**Sir,**

**In response to the subject cited above –**

**The documents alongwith affidavit submitted by the school management, taking into consideration the recommendations by the D.E.O.(S.E.), Sangrur and the Director, Education Department (Education Department), Punjab, Chandigarh, the desired N.O.C. is issued by the Punjab Government subject to the following conditions –**

1. **The N.O.C. can be withdrawn any time in future, if it is found that on the basis of complaint/ inspection, the institution had made application for grant of N.O.C. on the basis of wrong information or if the institution found guilty to obey the guidelines issued by the Punjab Government from time to time, similarly found guilty to obey the conditions mentioned in the affidavit etc.**
2. **Teaching of Punjabi upto Matriculation Standard should be made compulsory & C.B.S.E., New Delhi also ensure to take exam. of Punjabi in such schools on compulsory basis and it is also made very clear that in the event of non-compliance of the same, N.O.C. may be withdrawn immediately.**
3. **The school management will also undertake to pay salary & other allowances to the teaching and non-teaching staff as per grade applicable to the Govt. employees, failing which N.O.C. may be withdrawn immediately.**
4. **You and your management will also ensure and undertake to submit the information to the D.E.O. of your District or Senior Official of Education Department as demanded by them from time to time and also show full co-operation in the matter.**

**Sd/-**
**Special Secretary School Education**

**----**

**Ref. No. 2/68/09-2Edu3/** **Dated, Chandigarh 29.06.09**

**Copy to the Director, Education Department (Sec. Edu.), Punjab, Chandigarh – with reference to their Memo No. 15/37-2009 Grant 1 dated 22.06.2009, it is requested that above mentioned school must be inspected atleast once within five years and report to be send to the Punjab Government so that it is known that the concerned school is following or not following the guidelines issued by the Punjab Government.**

1. **One copy of the file in original of Modern Secular Public School, Malerkotla, Distt. Sangrur is returned herewith (File attached)**

**Sd/-**
**Special Secretary School Education**

Surinderkaur
Principal
Modern Secular Public School
RANWAN (MALERKOTLA)

Director
Teesra Netar Edu. & Social Society,
RANWAN (Malerkotla)